**ਦਫ਼ਤਰ, ਡਾਇਰੈਕਟਰ ਜਨਰਲ ਸਕੂਲ ਸਿੱਖਿਆ-ਕਮ-ਸਟੇਟ ਪ੍ਰਾਜੈਕਟ ਡਾਇਰੈਕਟਰ,**
**ਸਰਵ ਸਿੱਖਿਆ ਅਭਿਆਨ ਅਥਾਰਿਟੀ, ਪੰਜਾਬ।**

**ਪੰਜਾਬ ਸਕੂਲ ਸਿੱਖਿਆ ਬੋਰਡ ਕੰਪਲੈਕਸ, ਈ-ਬਲਾਕ, ਪੰਜਵੀਂ ਮੰਜਲ, ਫ਼ੇਜ਼-8 ਸਾਹਿਬਜ਼ਾਦਾ ਅਜੀਤ ਸਿੰਘ ਨਗਰ**
**ਫ਼ੋਨ ਨੰ: 01725212329 ਈ-ਮੇਲ : aspdtb123@gmail.com**

ਵੱਲ:

ਸਮੂਹ ਜ਼ਿਲ੍ਹਾ ਸਿੱਖਿਆ ਅਫ਼ਸਰ (ਐਸਿ ਤੇ ਸੈਸਿ),
ਸਮੂਹ ਬਲਾਕ ਪ੍ਰਾਇਮਰੀ ਸਿੱਖਿਆ ਅਫ਼ਸਰ, ਪੰਜਾਬ।
ਸਮੂਹ ਸਕੂਲ ਮੁਖੀ, ਪੰਜਾਬ।

ਮੀਮੋ ਨੰ: ਸਸਅ/ਪਾਠ ਪੁਸਤਕਾਂ/2018/50131 ਮਿਤੀ, ਸਅਸ ਨਗਰ: 16-10-2018

**ਵਿਸ਼ਾ: ਕਿਤਾਬਾਂ ਸਬੰਧੀ ਅੰਕੜੇ ਈਪੰਜਾਬਸਕੂਲ ਪੋਰਟਲ 'ਤੇ ਅੱਪਡੇਟ ਕਰਨ ਬਾਰੇ।**

**ਹਵਾਲਾ:**ਮੀਮੋਨੰ:ਸਸਅ/ਪਾਠਪੁਸਤਕਾਂ/2018/37623ਮਿਤੀ:23-08 2018ਅਤੇ ਸਸਅ/ਪਾਠ ਪੁਸਤਕਾਂ/2018/ 42581 ਮਿਤੀ, ਸਅਸ ਨਗਰ:18-09-2018 ਦੇ ਸਬੰਧ ਵਿੱਚ।

1.0 ਵਿਸ਼ਾ-ਅੰਕਿਤ ਮਾਮਲੇ ਦੇ ਸਬੰਧ ਵਿੱਚ ਆਪ ਨੂੰ ਮੁੜ ਤੋਂ ਲਿਖਿਆ ਜਾਂਦਾ ਹੈ ਕਿ ਹਵਾਲਾ ਅਧੀਨ ਪੱਤਰਾਂ ਰਾਹੀਂ ਆਪ ਨੂੰ ਸਾਲ 2018-19 ਦੌਰਾਨ ਰਾਜ ਦੇ ਸਰਕਾਰੀ ਤੇ ਸਰਕਾਰੀ ਸਹਾਇਤਾ ਪ੍ਰਾਪਤ ਸਕੂਲਾਂ ਦੇ ਵਿਦਿਆਰਥੀਆਂ ਨੂੰ ਵੰਡੀਆਂ ਗਈਆਂ ਕਿਤਾਬਾਂ ਦੀ ਜਾਣਕਾਰੀ ਈਪੰਜਾਬਸਕੂਲ ਪੋਰਟਲ 'ਤੇ ਤਰਤੀਬਵਾਰ ਮਿਤੀ 31-08-2018, 10-09-2018 ਅਤੇ 20-09-2018 ਤੱਕ ਮੁਕੰਮਲ ਰੂਪ ਵਿੱਚ ਅੱਪਲੋਡ ਕਰਨ ਦੀ ਹਦਾਇਤ ਕੀਤੀ ਗਈ ਸੀ ਪਰੰਤੂ 8.39% ਸਕੂਲਾਂ ਵੱਲੋਂ ਲੋੜੀਂਦੀ ਜਾਣਕਾਰੀ ਹਾਲੇ ਤੱਕ ਵੀ ਅੱਪਲੋਡ ਨਹੀਂ ਕੀਤੀ ਗਈ।

2.0 ਇਸ ਲਈ ਆਪ ਨੂੰ ਮੁੜ ਤੋਂ ਹਦਾਇਤ ਕੀਤੀ ਜਾਂਦੀ ਹੈ ਕਿ ਮਿਤੀ 23-10-2018 ਤੱਕ ਕਿਤਾਬਾਂ ਦੀ ਵੰਡ ਸਬੰਧੀ ਐਂਟਰੀ ਈਪੰਜਾਬਸਕੂਲ ਪੋਰਟਲ 'ਤੇ ਅੱਪਡੇਟ ਕਰਨੀ ਯਕੀਨੀ ਬਣਾਈ ਜਾਵੇ ਅਤੇ ਜੇਕਰ ਅੱਪਡੇਸ਼ਨ ਸਬੰਧੀ ਕੋਈ ਵੀ ਸਮੱਸਿਆ ਆ ਰਹੀ ਹੈ ਤਾਂ ਆਪਣੇ ਜ਼ਿਲ੍ਹੇ ਦੇ ਐੱਮ ਆਈ ਐੱਸ ਕੋਆਰਡੀਨੇਟਰ ਨਾਲ ਰਾਬਤਾ ਕਾਇਮ ਕਰਕੇ ਸਮੱਸਿਆ ਦੂਰ ਕੀਤੀ ਜਾਵੇ।

3.0 ਉਕਤ ਹੁਕਮਾਂ ਦੀ ਇੰਨ-ਬਿੰਨ ਪਾਲਣਾ ਯਕੀਨੀ ਬਣਾਈ ਜਾਵੇ।

**ਡਿਪਟੀ ਸਟੇਟ ਪ੍ਰਾਜੈਕਟ ਡਾਇਰੈਕਟਰ**
**ਸਰਵ ਸਿੱਖਿਆ ਅਭਿਆਨ,ਪੰਜਾਬ।**